# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ : 21-04-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ**

- ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ -ਸਿਵਲ ਸੇਵਾਵਾਂ ਜ਼ਮੀਨੀ ਪੱਧਰ 'ਤੇ ਸਰਕਾਰ ਦੀਆਂ ਯੋਜਨਾਵਾਂ ਅਤੇ ਨੀਤੀਆਂ ਨੂੰ ਲਾਗੂ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਨੇ।
- ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ ਨੇ ਭਰੋਸਾ ਦਿੱਤਾ - ਪੰਜਾਬ ਵਿੱਚ ਪੈਟਰੋਲੀਅਮ ਉਤਪਾਦਾਂ ਅਤੇ LPG ਦੀ ਸਪਲਾਈ ਸਥਿਰ ਅਤੇ ਢੁਕਵੀਂ ਏ।
- ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਮੁਲਾਜ਼ਮ ਜਥੇਬੰਦੀਆਂ ਨਾਲ ਮੀਟਿੰਗ- ਜਾਇਜ਼ ਮੰਗਾਂ 'ਤੇ ਜਲਦੀ ਕਾਰਵਾਈ ਦਾ ਭਰੋਸਾ ਦਿੱਤਾ।
- ਮੌਸਮ ਵਿਭਾਗ ਨੇ ਅਗਲੇ ਦੋ ਦਿਨਾਂ ਲਈ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਦਿੱਲੀ ਵਿੱਚ ਲੂ ਚੱਲਣ ਦੀ ਸੰਭਾਵਨਾ ਜਤਾਈ।

- IPL ਕ੍ਰਿਕਟ ਵਿੱਚ, ਸਨਰਾਈਜ਼ਰਜ਼ ਹੈਦਰਾਬਾਦ ਦਾ ਮੁਕਾਬਲਾ ਹੈਦਰਾਬਾਦ 'ਚ, ਸ਼ਾਮੀ ਸਾਡੇ 7 ਵਜੇ, ਦਿੱਲੀ ਕੈਪੀਟਲਜ਼ ਨਾਲ ਹੋਵੇਗਾ।

## ਹੁਣ ਖਬਰਾਂ ਵਿਸਥਾਰ ਨਾਲ

ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ ਕਿ ਸਿਵਲ ਸੇਵਾਵਾਂ ਜ਼ਮੀਨੀ ਪੱਧਰ 'ਤੇ ਸਰਕਾਰ ਦੀਆਂ ਯੋਜਨਾਵਾਂ ਅਤੇ ਨੀਤੀਆਂ ਨੂੰ ਲਾਗੂ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਨੇ। ਅੱਜ ਨਵੀਂ ਦਿੱਲੀ ਵਿੱਚ ਸਿਵਲ ਸੇਵਾਵਾਂ ਦਿਵਸ ਦੇ ਮੌਕੇ ਬੋਲਦਿਆਂ, ਉਪ-ਰਾਸ਼ਟਰਪਤੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਭਾਵੇਂ ਯੋਜਨਾਵਾਂ ਰਾਜਧਾਨੀ ਦਿੱਲੀ ਵਿੱਚ ਬਣਾਈਆਂ ਜਾ ਸਕਦੀਆਂ ਹਨ, ਪਰ ਦੂਰ-ਦੁਰਾਡੇ ਪਿੰਡਾਂ ਵਿੱਚ ਸਾਰਥਕ ਨਤੀਜੇ ਉਦੋਂ ਹੀ ਪ੍ਰਾਪਤ ਹੁੰਦੇ ਹਨ ਜਦੋਂ ਉਨ੍ਹਾਂ ਨੂੰ ਉਨ੍ਹਾਂ ਦੀ ਅਸਲ ਭਾਵਨਾ ਨਾਲ ਲਾਗੂ ਕੀਤਾ ਜਾਂਦਾ ਹੈ।

BYTE

ਕਈ ਸਰਕਾਰੀ ਯੋਜਨਾਵਾਂ ਦਾ ਹਵਾਲਾ ਦਿੰਦੇ ਹੋਏ, ਸ਼੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਅੱਜ ਦਾ ਭਾਰਤ ਬੁਨਿਆਦੀ ਢਾਂਚੇ, ਸਿਹਤ ਅਤੇ ਸਿੱਖਿਆ ਦੇ ਖੇਤਰਾਂ ਵਿੱਚ ਵਿਸ਼ਵ ਪੱਧਰ 'ਤੇ ਇੱਕ ਮਾਣਮੱਤਾ ਸਥਾਨ ਰੱਖਦਾ ਏ।

---------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ,ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਰਾਸ਼ਟਰੀ ਸਿਵਲ ਸੇਵਾਵਾਂ ਦਿਵਸ ਦੇ ਮੌਕੇ 'ਤੇ ਸਾਰੇ ਸਿਵਲ ਸੇਵਕਾਂ ਨੂੰ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਸਿਵਲ ਸੇਵਕਾਂ ਦੀ ਵਚਨਬੱਧਤਾ ਜਵਾਬਦੇਹ ਸ਼ਾਸਨ ਨੂੰ ਮਜ਼ਬੂਤ ਕਰਨ ਅਤੇ ਜਨਤਕ ਸੰਸਥਾਵਾਂ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਇਹ ਚੰਗੇ ਸ਼ਾਸਨ ਅਤੇ ਰਾਸ਼ਟਰ ਨਿਰਮਾਣ ਵੱਲ ਕੰਮ ਕਰਨ ਦੇ ਸੰਕਲਪ ਨੂੰ ਹੋਰ ਮਜ਼ਬੂਤ ਕਰਨ ਦਾ ਮੌਕਾ ਏ। ਉਨ੍ਹਾਂ ਕਿਹਾ ਕਿ ਜ਼ਮੀਨੀ ਪੱਧਰ ਤੋਂ ਲੈ ਕੇ ਨੀਤੀ ਨਿਰਮਾਣ ਤੱਕ, ਸਿਵਲ ਸੇਵਕਾਂ ਦੇ ਯਤਨ ਅਣਗਿਣਤ ਲੋਕਾਂ ਦੇ ਜੀਵਨ ਨੂੰ ਪ੍ਰਭਾਵਤ ਕਰਦੇ ਹਨ ਅਤੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਉਂਦੇ ਹਨ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਉਮੀਦ ਪ੍ਰਗਟਾਈ ਕਿ ਇਹ ਮੌਕਾ ਰਾਸ਼ਟਰ ਵਿੱਚ ਯੋਗਦਾਨ ਪਾਉਣ ਦੀ ਉਨ੍ਹਾਂ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰੇਗਾ।

---------------------------------------------------------

ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ ਨੇ ਭਰੋਸਾ ਦਿੱਤਾ ਏ ਕਿ

ਪੰਜਾਬ ਵਿੱਚ ਪੈਟਰੋਲੀਅਮ ਉਤਪਾਦਾਂ ਅਤੇ LPG ਦੀ ਸਪਲਾਈ ਸਥਿਰ ਅਤੇ ਢੁਕਵੀਂ ਏ ਅਤੇ ਜ਼ਰੂਰੀ ਈਂਧਨ ਦੀ ਉਪਲਬਧਤਾ ਵਿੱਚ ਕੋਈ ਵਿਘਨ ਨਹੀਂ ਪਿਆ । ਤੇਲ ਮਾਰਕੀਟਿੰਗ ਕੰਪਨੀਆਂ ਦੇ ਡਿਪੂ ਲੋੜੀਦੀਆਂ ਵਸਤੂਆਂ ਦੇ ਪੱਧਰ ਨੂੰ ਯਕੀਨੀ ਬਣਾ ਰਹੇ ਨੇ , ਅਤੇ ਪ੍ਰਚੂਨ ਆਊਟਲੇਟ੍ਸ ਕੋਲ ਨਿਰਵਿਘਨ ਵਿਕਰੀ ਨੂੰ ਯਕੀਨੀ ਬਣਾਉਣ ਲਈ ਢੁਕਵਾਂ ਭੰਡਾਰ ਏ। ਆਟੋਮੋਟਿਵ ਈਂਧਨ ਦੀ ਉਪਲਬਧਤਾ ਬਾਰੇ ਚਿੰਤਾ ਦੀ ਕੋਈ ਲੋੜ ਨਹੀਂ ਏ । ਈਂਧਨ ਦੀ ਉਪਲਬਧਤਾ ਬਾਰੇ ਜਨਤਕ ਚਿੰਤਾਵਾਂ ਦੇ ਵਿਚਕਾਰ ਅੱਜ ਚੰਡੀਗੜ੍ਹ 'ਚ ਹੋਈ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ, ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ ਪੰਜਾਬ ਦੇ ਕਾਰਜਕਾਰੀ ਨਿਰਦੇਸ਼ਕ ਅਤੇ ਰਾਜ ਮੁਖੀ, ਆਸ਼ੂਤੋਸ਼ ਗੁਪਤਾ ਨੇ ਕਿਹਾ ਕਿ ਤੇਲ ਕੰਪਨੀਆਂ, ਪੰਜਾਬ ਭਰ ਦੇ ਘਰਾਂ ਨੂੰ ਨਿਰਵਿਘਨ LPG ਸਪਲਾਈ ਯਕੀਨੀ ਬਣਾ ਰਹੀਆਂ ਨੇ , ਸਿਲੰਡਰਾਂ ਦੀ ਡਿਲੀਵਰੀ ਲਗਭਗ ਸੰਕਟ ਤੋਂ ਪਹਿਲਾਂ ਦੇ ਪੱਧਰਾਂ ਦੇ ਅਨੁਸਾਰ ਜਾਰੀ ਹੈਏ । ਮੰਗ ਨੂੰ ਹੋਰ ਸਮਰਥਨ ਦੇਣ ਲਈ, ਵਪਾਰਕ LPG ਵੰਡ ਨੂੰ ਸੰਕਟ ਤੋਂ ਪਹਿਲਾਂ ਦੇ ਪੱਧਰਾਂ ਦੇ ਲਗਭਗ 70 ਫੀਸਦੀ ਤੱਕ ਵਧਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਵਾਧੂ ਉਪਾਵਾਂ ਵਿੱਚ ਪ੍ਰਵਾਸੀ ਮਜ਼ਦੂਰਾਂ ਅਤੇ ਹੋਰ ਕਮਜ਼ੋਰ ਵਰਗਾਂ ਦੀ ਸਹਾਇਤਾ ਲਈ 5 ਕਿਲੋਗ੍ਰਾਮ ਫ੍ਰੀ ਟ੍ਰੇਡ LPG (FTL) ਸਿਲੰਡਰਾਂ ਦੀ ਵੰਡ ਨੂੰ ਦੁੱਗਣਾ ਕਰਨਾ ਸ਼ਾਮਲ ਏ । ਉਨ੍ਹਾਂ

ਗਾਹਕਾਂ ਨੂੰ ਰੀਫਿਲ ਬੁੱਕ ਕਰਨ ਲਈ ਡਿਜੀਟਲ ਤਰੀਕਿਆਂ ਦੀ ਵਰਤੋਂ ਕਰਨ ਲਈ ਉਤਸ਼ਾਹਿਤ ਕੀਤਾ। ਸ੍ਰੀ ਗੁਪਤਾ, ਜੋ ਕਿ ਪੰਜਾਬ ਵਿੱਚ ਤੇਲ ਉਦਯੋਗ ਲਈ ਰਾਜ ਪੱਧਰੀ ਕੋਆਰਡੀਨੇਟਰ ਵਜੋਂ ਵੀ ਸੇਵਾ ਨਿਭਾ ਰਹੇ ਹਨ, ਨੇ ਕਿਹਾ ਕਿ ਦੁਰਵਿਵਹਾਰ ਅਤੇ ਜਮ੍ਹਾਂਖੋਰੀ ਨੂੰ ਰੋਕਣ ਲਈ ਕੇਂਦਰ ਅਤੇ ਪੰਜਾਬ ਸਰਕਾਰ ਨਾਲ ਨੇੜਲਾ ਤਾਲਮੇਲ ਜਾਰੀ ਏ। ਇਸ ਦੇ ਨਾਲ ਹੀ, ਉਨ੍ਹਾਂ ਐਲਾਨ ਕੀਤਾ ਕਿ ਐਲਪੀਜੀ ਸਿਲੰਡਰਾਂ ਦੀ ਕਾਲਾਬਾਜ਼ਾਰੀ ਜਾਂ ਜਮ੍ਹਾਂਖੋਰੀ ਬਾਰੇ ਜਨਤਕ ਹਿੱਤ ਵਿੱਚ ਸ਼ਿਕਾਇਤ ਕਰਨ ਲਈ ਚੰਡੀਗੜ੍ਹ ਹੈਲਪਲਾਈਨ ਨੰਬਰ: 0172-332-10-01 'ਤੇ ਫੋਨ ਕਰ ਸਕਦਾ ਏ। ਉਨ੍ਹਾਂ ਗਾਹਕਾਂ ਨੂੰ ਘਬਰਾਹਟ ਚ ਐਲਪੀਜੀ ਸਿਲੰਡਰਾਂ ਦੀ ਬੁਕਿੰਗ ਜਾਂ ਜਮ੍ਹਾਂਖੋਰੀ ਤੋਂ ਬਚਣ ਅਤੇ ਅਫਵਾਹਾਂ 'ਤੇ ਭਰੋਸਾ ਨਾ ਕਰਨ ਅਤੇ ਸਹੀ ਜਾਣਕਾਰੀ ਲਈ ਅਧਿਕਾਰਤ ਸਰੋਤਾਂ ਦੀ ਪਾਲਣਾ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਦੇ ਨਾਲ ਸੂਬਾ ਰਾਜ ਪੱਧਰੀ ਕੋਆਰਡੀਨੇਟਰ , ਚੰਡੀਗੜ੍ਹ, ਸੁਸ਼ਾਂਤ ਕੁਮਾਰ ਅਤੇ ਪੰਜਾਬ, ਹਿਮਾਚਲ ਪ੍ਰਦੇਸ਼, ਜੰਮੂ ਕਸ਼ਮੀਰ ਅਤੇ ਲੱਦਾਖ ਲਈ ਐਲਪੀਜੀ ਇੰਚਾਰਜ, ਪਰਮੇਸ਼ਵਰ ਵੀ ਸਨ।

---------------------------------------------------

ਸਫਾਈ ਕਰਮਚਾਰੀਆਂ ਬਾਰੇ ਰਾਸ਼ਟਰੀ ਕਮਿਸ਼ਨ ਦੇ ਵਾਈਸ-ਚੇਅਰਪਰਸਨ, ਹਰਦੀਪ ਸਿੰਘ ਗਿੱਲ ਨੇ ਐਲਾਨ ਕੀਤਾ ਏ ਕਿ ਸਫਾਈ

ਕਰਮਚਾਰੀਆਂ ਲਈ ਜਾਗਰੂਕਤਾ ਕੈਂਪ ਲਗਾਏ ਜਾਣਗੇ ਅਤੇ ਉਨ੍ਹਾਂ ਦੀ ਸ਼ਿਕਾਇਤ ਹੱਲ ਕਰਨ ਦੀ ਵਿਧੀ ਨੂੰ ਜਲਦੀ ਤੋਂ ਜਲਦੀ ਮਜ਼ਬੂਤ ਕੀਤਾ ਜਾਵੇਗਾ। ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਆਪਣੇ ਦੌਰੇ ਦੌਰਾਨ, ਯੂਨੀਵਰਸਿਟੀ ਵੱਲੋਂ ਆਪਣੇ ਸਫਾਈ ਕਰਮਚਾਰੀਆਂ ਦੀ ਨਿਯੁਕਤੀ, ਤਰੱਕੀ ਅਤੇ ਭਲਾਈ ਲਈ ਚੁੱਕੇ ਗਏ ਉਪਾਵਾਂ ਦੀ ਸਮੀਖਿਆ ਕਰਨ ਲਈ, ਸ਼੍ਰੀ ਗਿੱਲ ਨੇ ਕਿਹਾ ਕਿ ਸਫਾਈ ਕਰਮਚਾਰੀਆਂ ਦੇ ਕੰਮ ਕਰਨ ਦੀਆਂ ਸਥਿਤੀਆਂ ਅਤੇ ਸਮਾਜਿਕ ਸੁਰੱਖਿਆ ਲਾਭਾਂ ਨੂੰ ਬਿਹਤਰ ਬਣਾਉਣ ਲਈ ਵਿਸ਼ੇਸ਼ ਯਤਨ ਕੀਤੇ ਜਾਣਗੇ, ਨਾਲ ਹੀ ਉਨ੍ਹਾਂ ਦੀ ਭਲਾਈ ਲਈ ਵਿਸ਼ੇਸ਼ ਯੋਜਨਾਵਾਂ ਤਿਆਰ ਕੀਤੀਆਂ ਜਾਣਗੀਆਂ। ਇਸ ਤੋਂ ਪਹਿਲਾਂ, ਯੂਨੀਵਰਸਿਟੀ ਦੇ ਵਾਈਸ-ਚਾਂਸਲਰ, ਪ੍ਰੋ. ਕਰਮਜੀਤ ਸਿੰਘ ਨੇ ਸ਼੍ਰੀ ਗਿੱਲ ਦਾ ਨਿੱਘਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਸਫਾਈ ਕਰਮਚਾਰੀਆਂ ਅਤੇ ਹੋਰ ਕਰਮਚਾਰੀਆਂ ਦੀ ਭਲਾਈ ਲਈ ਸਮੇਂ-ਸਮੇਂ 'ਤੇ ਕੀਤੇ ਗਏ ਵੱਖ-ਵੱਖ ਉਪਰਾਲਿਆਂ ਬਾਰੇ ਜਾਣਕਾਰੀ ਦਿੱਤੀ।

-------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਨਿਵੇਸ਼ ਨੂੰ ਉਤਸ਼ਾਹਿਤ ਕਰਨ ਅਤੇ ਆਰਥਿਕ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਲਈ ਉਪਰਾਲੇ ਜਾਰੀ ਨੇ । ਚੇਅਰਪਰਸਨ ਮਿਸ ਐਡਿਥ ਨੋਰਡ-ਮੈਨ ਦੀ ਅਗਵਾਈ ਵਾਲੇ ਇਕ ਵਫਦ ਨਾਲ ਰਣਨੀਤਕ ਗੱਲਬਾਤ ਦੌਰਾਨ

ਮੁੱਖ ਮੰਤਰੀ ਨੇ ਪੰਜਾਬ ਅਤੇ ਨੀਦਰਲੈਂਡਜ਼ ਵਿਚਕਾਰ ਦੁਵੱਲੇ ਵਪਾਰਕ ਸਬੰਧਾਂ ਨੂੰ ਵਧਾਉਣ ਅਤੇ ਨਿਵੇਸ਼ ਪ੍ਰਵਾਹ ਨੂੰ ਉਤਸ਼ਾਹਿਤ ਕਰਨ ਦੀ ਵਕਾਲਤ ਕੀਤੀ। ਉਨ੍ਹਾਂ ਨੇ ਬਰਾਮਦ ਆਧਾਰਤ ਵਿਕਾਸ ਅਤੇ ਵਿਸ਼ਵ ਸਪਲਾਈ ਚੇਨਾਂ ਨਾਲ ਤਾਲਮੇਲ, ਖ਼ਾਸ ਕਰ ਕੇ ਖੁਰਾਕ ਪ੍ਰੋਸੈਸਿੰਗ ਅਤੇ ਨਿਰਮਾਣ ਵਰਗੇ ਖੇਤਰਾਂ ਵਿੱਚ ਪੰਜਾਬ ਦੇ ਰਣਨੀਤਕ ਧਿਆਨ ਨੂੰ ਵੀ ਉਜਾਗਰ ਕੀਤਾ। ਭਗਵੰਤ ਸਿੰਘ ਮਾਨ ਨੇ ਵਫਦ ਨੂੰ ਪੰਜਾਬ ਨੂੰ ਹਾਲੈਂਡ ਦੇ ਉੱਦਮਾਂ ਨਾਲ ਜੋੜਨ ਅਤੇ ਸੈਕਟਰ-ਵਿਸ਼ੇਸ਼ ਰੁਝੇਵਿਆਂ ਅਤੇ ਵਪਾਰਕ ਵਫ਼ਦਾਂ ਨੂੰ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ। ਇਸ ਦੌਰਾਨ ਹੇਗ ਵਿੱਚ ਨਿਵੇਸ਼ ਰੋਡ ਸ਼ੋਅ ਦੌਰਾਨ ਮੁੱਖ ਮੰਤਰੀ ਨੇ ਇਸ ਪ੍ਰੋਗਰਾਮ ਵਿੱਚ ਸੂਬੇ ਦੀਆਂ ਉਦਯੋਗਿਕ ਸ਼ਕਤੀਆਂ ਅਤੇ ਉੱਭਰ ਰਹੇ ਮੌਕਿਆਂ ਦਾ ਪ੍ਰਦਰਸ਼ਨ ਕੀਤਾ, ਜਿਸ ਵਿੱਚ ਨੀਦਰਲੈਂਡ ਦੇ ਉਦਯੋਗਪਤੀਆਂ, ਵਪਾਰਕ ਨੁਮਾਇੰਦਿਆਂ ਅਤੇ ਭਾਈਵਾਲਾਂ ਨੇ ਭਾਗ ਲਿਆ।

-----------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਹਾਲੈਂਡ ਦੇ ਉਘੇ ਹਾਕੀ ਖਿਡਾਰੀ ਫਲੋਰਿਸ ਜਾਨ ਬੋਵ-ਲੈਂਡਰ ਨਾਲ ਮੁਲਾਕਾਤ ਕੀਤੀ ਅਤੇ ਸੂਬੇ ਵਿੱਚ ਹਾਕੀ ਨੂੰ ਹੋਰ ਮਜ਼ਬੂਤ ਕਰਨ, ਖ਼ਾਸ ਕਰ ਕੇ ਵੱਕਾਰੀ ਏਸ਼ੀਅਨ ਚੈਂਪੀਅਨਜ਼ ਟਰਾਫ਼ੀ ਦੀ ਤਿਆਰੀ ਲਈ ਉਨ੍ਹਾਂ ਦੀ ਮੁਹਾਰਤ ਦਾ ਲਾਹਾ ਲੈਣ ਦੀ ਪੇਸ਼ਕਸ਼ ਕੀਤੀ। ਅੱਜ ਚੰਡੀਗੜ੍ਹ ਚ ਹੋਈ ਮੀਟਿੰਗ ਦੌਰਾਨ ਮੁੱਖ

ਮੰਤਰੀ ਨੇ ਪੰਜਾਬ ਵਿੱਚ ਹਾਕੀ ਅਤੇ ਖੇਡਾਂ ਦੇ ਵਿਆਪਕ ਵਾਤਾਵਰਨ ਬਾਰੇ ਚਰਚਾ ਕੀਤੀ, ਕੌਮੀ ਖੇਡ ਦੀ ਪੁਰਾਣੀ ਸ਼ਾਨ ਬਹਾਲ ਕਰਨ ਲਈ ਸਰਕਾਰ ਦੀ ਵਚਨਬੱਧਤਾ `ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਫਲੋਰਿਸ ਜਾਨ ਬੋਵ-ਲੈਂਡਰ ਦੇ ਅਸਾਧਾਰਨ ਹੁਨਰ ਅਤੇ ਹਾਕੀ ਵਿੱਚ ਅਥਾਹ ਯੋਗਦਾਨ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਫਲੋਰਿਸ ਦਾ ਸ਼ਾਨਦਾਰ ਕਰੀਅਰ ਦੁਨੀਆ ਭਰ ਦੇ ਨੌਜਵਾਨ ਖਿਡਾਰੀਆਂ ਨੂੰ ਪ੍ਰੇਰਿਤ ਕਰਦਾ ਏ ।

---------------------------------------------------------

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਮੁਲਾਜ਼ਮ ਅਤੇ ਵਰਕਰ ਜਥੇਬੰਦੀਆਂ ਦੇ ਵਫ਼ਦਾਂ ਨਾਲ ਲੜੀਵਾਰ ਮੀਟਿੰਗਾਂ ਕੀਤੀਆਂ । ਵਿੱਤ ਮੰਤਰੀ ਨੇ ਉਨ੍ਹਾਂ ਦੀਆਂ ਮੰਗਾਂ ਨੂੰ ਵਿਸਥਾਰ ਨਾਲ ਸੁਣਿਆ ਅਤੇ ਜਾਇਜ਼ ਮਸਲਿਆਂ ਦੇ ਜਲਦ ਹੱਲ ਦਾ ਭਰੋਸਾ ਦਿੱਤਾ। ਇਨ੍ਹਾਂ ਮੀਟਿੰਗਾਂ ਦੌਰਾਨ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਆਰਟ ਐਂਡ ਕਰਾਫਟ ਟੈੱਟ ਪਾਸ ਬੇਰੁਜ਼ਗਾਰ ਅਧਿਆਪਕ ਯੂਨੀਅਨ, ਸਮੇਤ ਹੋਰਨਾਂ ਦੇ ਵਫ਼ਦਾਂ ਨਾਲ ਵਿਸਥਾਰ ਚ ਗੱਲਬਾਤ ਕੀਤੀ। ਵਿੱਤ ਮੰਤਰੀ ਨੇ ਗੱਲਬਾਤ ਦੌਰਾਨ ਯੂਨੀਅਨ ਆਗੂਆਂ ਵੱਲੋਂ ਉਠਾਏ ਗਏ ਮਸਲਿਆਂ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ। ਉਨ੍ਹਾਂ ਨੇ ਵਿਭਾਗਾਂ ਨੂੰ ਤੁਰੰਤ ਕਾਰਵਾਈ ਕਰਨ ਅਤੇ ਵਿੱਤੀ ਪ੍ਰਵਾਨਗੀ ਦੀ ਲੋੜ ਵਾਲੇ ਮਾਮਲਿਆਂ ਵਿੱਚ ਤਜਵੀਜ਼ਾਂ ਭੇਜਣ ਦੇ ਨਿਰਦੇਸ਼ ਦਿੱਤੇ।

---------------------------------------------------

ਆਕਾਸ਼ਵਾਣੀ ਦੇ ਬਠਿੰਡਾ ਕੇਂਦਰ ਨੇ ਵੱਲੋਂ ਬੀਤੇ ਕੱਲ੍ਹ ਆਪਣਾ 36ਵਾਂ ਸਥਾਪਨਾ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ। ਇਸ ਮੌਕੇ ਸਟੇਸ਼ਨ ਦੇ ਸਮੂਹ ਅਨਾਊਂਸਰਾਂ ਦੀਆਂ ਕਾਰਗੁਜ਼ਾਰੀਆਂ ਅਤੇ ਸਰੋਤਿਆਂ ਦੇ ਪਿਆਰ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਵੀ ਵਧਾਈ ਦਿੱਤੀ ਗਈ। ਪ੍ਰੋਗਰਾਮ ਕੋਆਰਡੀਨੇਟਰ, ਬਲਜੀਤ ਸ਼ਰਮਾ ਨੇ ਦੱਸਿਆ ਕਿ ਬਠਿੰਡਾ ਸਟੇਸ਼ਨ ਸਰੋਤਿਆਂ ਦੇ ਸਹਿਯੋਗ ਨਾਲ ਲਗਾਤਾਰ ਨਵੀਆਂ ਬੁਲੰਦੀਆਂ ਛੋਹ ਰਿਹਾ ਏ ਅਤੇ ਅੱਗੇ ਵੀ ਲੋਕਾਂ ਦੀ ਆਵਾਜ਼ ਬਣਦਾ ਰਹੇਗਾ। ਉਨ੍ਹਾਂ ਦਸਿਆ ਕਿ ਆਕਾਸ਼ਵਾਣੀ ਬਠਿੰਡਾ, ਸੰਚਾਰ, ਸਿੱਖਿਆ, ਸੱਭਿਆਚਾਰ ਅਤੇ ਭਾਈਚਾਰਕ ਸੰਪਰਕ ਦੇ ਇੱਕ ਮਜਬੂਤ ਮੰਚ ਵਜੋਂ ਆਪਣੀਆਂ ਸੇਵਾਵਾਂ ਦੇ ਰਿਹਾ ਏ। ਇਸਨੇ ਪੰਜਾਬ ਅਤੇ ਇਸ ਤੋਂ ਬਾਹਰ ਔਰਤਾਂ ਬੱਚਿਆਂ ਮੋਹਵਾਣਾ ਬਜ਼ੁਰਗਾਂ ਸਮੇਤ ਸਮਾਜ ਦੇ ਹਰ ਵਰਗ ਦੇ ਸਰੋਤਿਆਂ ਦੀਆਂ ਪੀੜ੍ਹੀਆਂ ਨੂੰ ਮਨੋਰੰਜਨ ਅਤੇ ਜਾਣਕਾਰੀ ਦੇ ਨਾਲ ਪ੍ਰੇਰਿਤ ਕਰਦਿਆਂ ਉਨ੍ਹਾਂ ਨੂੰ ਗਿਆਨਵਾਨ ਬਣਾਇਆ ਏ। ਇਸ ਖੁਸ਼ੀ ਦੇ ਮੌਕੇ 'ਤੇ ਆਕਾਸ਼ਵਾਣੀ ਪੰਜਾਬ ਦੇ ਕਲੱਸਟਰ ਹੈੱਡ ਰਣਜੀਤ ਮੀਨਾ ਅਤੇ ਪ੍ਰੋਗਰਾਮ ਮੁਖੀ, ਪਰਮਜੀਤ ਸਿੰਘ ਨੇ ਸਾਰਿਆਂ ਨੂੰ ਵਧਾਈ ਸੰਦੇਸ਼ ਦਿੱਤੇ ਨੇ।

------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਥਿਤ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਗਤ ਧੰਨਾ ਜੀ ਦਾ ਜਨਮ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।

ਇਸ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਬਲਵਿੰਦਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ । ਗਿਆਨੀ ਬਲਜੀਤ ਸਿੰਘ ਨੇ ਸੰਗਤਾਂ ਨਾਲ ਭਗਤ ਧੰਨਾ ਜੀ ਦੇ ਜੀਵਨ ਇਤਿਹਾਸ ਦੀ ਸਾਂਝ ਪਾਉਂਦਿਆਂ ਕਿਹਾ ਕਿ ਉਨ੍ਹਾਂ ਦਾ ਜੀਵਨ ਨਾਮ ਜਪਣ, ਸੱਚੀ ਕਿਰਤ ਅਤੇ ਪਰਮਾਤਮਾ ’ਤੇ ਭਰੋਸੇ ਦੀ ਪ੍ਰੇਰਣਾ ਦਿੰਦਾ ਹੈ। ਉਨ੍ਹਾਂ ਸੰਗਤਾਂ ਨੂੰ ਭਗਤ ਧੰਨਾ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਜੀਵਨ ਇਤਿਹਾਸ ਤੋਂ ਸੇਧ ਲੈਣ ਦੀ ਅਪੀਲ ਕੀਤੀ।

------------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਓਲੰਪੀਅਨ ਸੁਰਜੀਤ ਸਿੰਘ ਰੰਧਾਵਾ ਦੀ ਯਾਦ ਵਿੱਚ ਸਥਾਪਿਤ ਸੁਰਜੀਤ ਹਾਕੀ ਸੁਸਾਇਟੀ ਦੇ 22ਵੇਂ ਪ੍ਰਧਾਨ ਨਿਯੁਕਤ ਕੀਤੇ ਗਏ ਨੇ । ਇਹ ਫੈਸਲਾ ਸੁਸਾਇਟੀ ਦੇ ਕਾਰਜਕਾਰੀ ਪ੍ਰਧਾਨ ਲੇਖ ਰਾਜ ਨਈਅਰ ਦੀ ਅਗਵਾਈ

ਹੇਠ ਹੋਈ ਮੀਟਿੰਗ ਦੌਰਾਨ ਸੁਸਾਇਟੀ ਦੇ ਸੰਵਿਧਾਨ ਮੁਤਾਬਿਕ  ਲਿਆ ਗਿਆ। ਸੁਸਾਇਟੀ ਦੇ ਮੁਖ ਕਾਰਜਕਾਰੀ ਅਧਿਕਾਰੀ  ਇਕਬਾਲ ਸਿੰਘ ਸੰਧੂ ਨੇ ਦੱਸਿਆ ਕਿ ਮੀਟਿੰਗ ਤੋਂ ਬਾਅਦ ਸੁਸਾਇਟੀ ਦੇ ਮੈਂਬਰਾਂ ਵੱਲੋਂ ਨਵ-ਨਿਯੁਕਤ ਪ੍ਰਧਾਨ ਅਤੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨਾਲ ਮੁਲਾਕਾਤ ਕੀਤੀ ਗਈ ਅਤੇ  ਉਨ੍ਹਾਂ ਨੂੰ ਸੁਸਾਇਟੀ ਦੀਆਂ ਵੱਖ-ਵੱਖ ਗਤੀਵਿਧੀਆਂ, ਸੁਰਜੀਤ ਹਾਕੀ ਅਕੈਡਮੀ ਦੇ ਕੰਮਕਾਜ ਅਤੇ 43ਵੇਂ ਇੰਡਿਅਨ ਆਇਲ ਸੁਰਜੀਤ ਹਾਕੀ ਟੂਰਨਾਮੈਂਟ–2026 ਦੀਆਂ ਤਿਆਰੀਆਂ ਬਾਰੇ ਜਾਣੂ ਕਰਵਾਇਆ ਗਿਆ। ਸ੍ਰੀ ਵਾਲਿਆਂ  ਨੇ ਕਿਹਾ ਕਿ ਸੁਸਾਇਟੀ ਦੇ ਵਿਸ਼ਾਲ ਤਜਰਬੇ ਦਾ ਲਾਭ, ਪੰਜਾਬ ਸਰਕਾਰ ਵੱਲੋਂ ਅਕਤੂਬਰ ਮਹੀਨੇ ਵਿੱਚ ਕਰਵਾਈ ਜਾਣ ਵਾਲੀ ਏਸ਼ੀਅਨ ਹਾਕੀ ਚੈਂਪੀਅਨਸ਼ਿਪ ਵਿੱਚ ਵੀ ਲਿਆ ਜਾਵੇਗਾ।

---------------------------------------------------------

ਮੌਸਮ ਵਿਭਾਗ ਨੇ ਅਗਲੇ ਦੋ ਦਿਨਾਂ ਲਈ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ, ਤੇ ਪੂਰਬੀ ਰਾਜਸਥਾਨ,   ਵਿੱਚ ਲੂ ਚਲਣ ਦੀ ਸੰਭਾਵਨਾ ਜਤਾਈ ਏ ।

---------------------------------------------------------

IPL ਕ੍ਰਿਕਟ ਵਿੱਚ, ਸਨਰਾਈਜ਼ਰਜ਼ ਹੈਦਰਾਬਾਦ ਦਾ ਮੁਕਾਬਲਾ ਅੱਜ

ਸ਼ਾਮ ਸਾਡੇ 7 ਵਜੇ ਵਜੇ ਦਿੱਲੀ ਕੈਪੀਟਲਜ਼ ਨਾਲ ਹੋਵੇਗਾ । ਇਹ ਮੈਚ ਹੈਦਰਾਬਾਦ ਦੇ ਰਾਜੀਵ ਗਾਂਧੀ ਇੰਟਰਨੈਸ਼ਨਲ ਸਟੇਡੀਅਮ ਵਿੱਚ ਖੇਡਿਆ ਜਾਵੇਗਾ।

------------------------------------------------------

ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਦੀ ਅਗਵਾਈ ਵਿੱਚ ਮਹਿਲਾਵਾਂ ਨੂੰ ਰੋਜ਼ਗਾਰ ਮੁਖੀ ਸਿਖ਼ਲਾਈ ਪ੍ਰਦਾਨ ਕਰਨ ਕਰਕੇ ਉਨ੍ਹਾਂ ਨੂੰ ਆਤਮ ਨਿਰਭਰ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਨੇ । ਇਸੇ ਤਹਿਤ ਨਕੋਦਰ ਵਿਖੇ ਚੱਲ ਰਹੇ ਸਕਿੱਲ ਸੈਂਟਰ ਵਿਖੇ 'ਬੇਟੀ ਬਚਾਓ, ਬੇਟੀ ਪੜ੍ਹਾਓ ਯੋਜਨਾ' ਤਹਿਤ ਪੰਜਾਬ ਹੁਨਰ ਵਿਕਾਸ ਮਿਸ਼ਨ ਅਤੇ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ, ਜਲੰਧਰ ਦੇ ਸਹਿਯੋਗ ਨਾਲ ਮਹਿਲਾਵਾਂ ਨੂੰ 'ਨਿਊ ਚਾਈਲਡ ਐਂਡ ਮਦਰ ਕੇਅਰ' ਕੋਰਸ ਕਰਵਾਇਆ ਜਾ ਰਿਹਾ ਏ । ਇਸ ਕੋਰਸ ਲਈ ਨਕੋਦਰ ਦੇ ਸੈਵ ਸਹਾਇਤਾ ਸਮੂਹਾਂ ਵਿੱਚੋਂ 30 ਉਮੀਦਵਾਰ ਚੁਣੀਆਂ ਗਈਆਂ ਨੇ , ਜੋ ਇਸ ਸਿਖਲਾਈ  ਵਿੱਚ ਭਾਗ ਲੈ ਰਹੀਆਂ ਹਨ। ਕੋਰਸ ਦੀ ਸਮਾਪਤੀ ਮਗਰੋਂ  ਉਮੀਦਵਾਰਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕੀਤੇ ਜਾਣਗੇ। ਜ਼ਿਲ੍ਹਾ ਰੋਜ਼ਗਾਰ, ਹੁਨਰ ਵਿਕਾਸ ਅਤੇ ਸਿਖ਼ਲਾਈ ਬਿਊਰੋ ਦੇ ਡਿਪਟੀ ਡਾਇਰੈਕਟਰ, ਨੀਲਮ ਮਹੇ ਨੇ ਨਕੋਦਰ ਵਿਖੇ ਚੱਲ ਰਹੇ ਇਸ ਕੇਂਦਰ  ਦਾ ਦੌਰਾ ਕੀਤਾ ਅਤੇ ਸਿਖਿਆਰਥਣਾਂ  ਨੂੰ ਪੂਰੀ ਮਿਹਨਤ ਅਤੇ ਲਗਨ ਨਾਲ ਆਪਣੇ ਟੀਚੇ ਨੂੰ ਪ੍ਰਾਪਤ ਕਰਨ ਬਾਰੇ

ਪ੍ਰੇਰਿਤ ਕੀਤਾ।   ਇਸ ਮੌਕੇ ਜ਼ਿਲ੍ਹਾ ਮੈਨੇਜਰ ਸੂਰਜ ਕਲੇਰ, ਪ੍ਰਿੰਸੀਪਲ ਪਾਰਸ ਚੱਢਾ ਵੀ ਮੌਜੂਦ ਰਹੇ।

----------------------------------------------------

- ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ -ਸਿਵਲ ਸੇਵਾਵਾਂ ਜ਼ਮੀਨੀ ਪੱਧਰ 'ਤੇ ਸਰਕਾਰ ਦੀਆਂ ਯੋਜਨਾਵਾਂ ਅਤੇ ਨੀਤੀਆਂ ਨੂੰ ਲਾਗੂ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਨੇ।
- ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ ਨੇ ਭਰੋਸਾ ਦਿੱਤਾ - ਪੰਜਾਬ ਵਿੱਚ ਪੈਟਰੋਲੀਅਮ ਉਤਪਾਦਾਂ ਅਤੇ LPG ਦੀ ਸਪਲਾਈ ਸਥਿਰ ਅਤੇ ਢੁਕਵੀਂ ਏ।
- ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਮੁਲਾਜ਼ਮ ਜਥੇਬੰਦੀਆਂ ਨਾਲ ਮੀਟਿੰਗ- ਜਾਇਜ਼ ਮੰਗਾਂ 'ਤੇ ਜਲਦੀ ਕਾਰਵਾਈ ਦਾ ਭਰੋਸਾ ਦਿੱਤਾ।
- ਮੌਸਮ ਵਿਭਾਗ ਨੇ ਅਗਲੇ ਦੋ ਦਿਨਾਂ ਲਈ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਦਿੱਲੀ ਵਿੱਚ ਲੂ ਚੱਲਣ ਦੀ ਸੰਭਾਵਨਾ ਜਤਾਈ।

- IPL ਕ੍ਰਿਕਟ ਵਿੱਚ, ਸਨਰਾਈਜ਼ਰਜ਼ ਹੈਦਰਾਬਾਦ ਦਾ ਮੁਕਾਬਲਾ ਹੈਦਰਾਬਾਦ 'ਚ, ਸ਼ਾਮੀ ਸਾਡੇ 7 ਵਜੇ, ਦਿੱਲੀ ਕੈਪੀਟਲਜ਼ ਨਾਲ ਹੋਵੇਗਾ।

-----------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**